March Dedicated to first Centenary of Saka Panja Sahib

On October 28, 2022, dedicated to the first centenary of Saka Panja Sahib, Sri Guru Teg Bahadur Khalsa College and Bhai Nand Lal Public School Sri Anandpur Sahib jointly took out a foot march. Eminent personalities of the area were present in it. College Principal Dr. Jasvir Singh and Shiromani Gurdwara Parbandhak Committee Member and former General Secretary Bhai Amarjit Singh Chawla specially attended the march pass.

ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਅਤੇ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਲੋਂ ਸਾਕਾ ਪੰਜਾ ਸਾਹਿਬ ਦੇ ਸ਼ਹੀਦਾਂ ਦੀ ਯਾਦ 'ਚ ਕੱਢੇ ਪੈਦਲ ਮਾਰਚ ਦਾ ਦ੍ਰਿਸ਼।

ਫਸਵੀਰ: ਕਰਨੈਲ ਸਿੰਘ

ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਅਤੇ ਭਾਈ ਨੰਦ ਲਾਲ ਪਬਲਿਕ ਸਕੂਲ ਵਲੋਂ ਸਾਕਾ ਸ੍ਰੀ ਪੰਜਾ ਸਾਹਿਬ ਦੀ ਪਹਿਲੀ ਸ਼ਤਾਬਦੀ ਨੂੰ ਸਮਰਪਿਤ ਕੱਢਿਆ ਪੈਦਲ ਮਾਰਚ

ਸ੍ਰੀ ਅਨੰਦਪੁਰ ਸਾਹਿਬ, 29 ਅਕਤੂਬਰ (ਕਰਨੈਲ ਸਿੰਘ, ਨਿੱਕੂਵਾਲ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਥਾਨਕ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਅਤੇ ਭਾਈ ਨੰਦ ਲਾਲ ਪਬਲਿਕ ਸਕੂਲ ਵੱਲੋਂ ਸਾਕਾ ਸ੍ਰੀ ਪੰਜਾ ਸਾਹਿਬ ਦੇ ਸ਼ਹੀਦਾਂ ਦੀ ਪਹਿਲੀ ਸ਼ਤਾਬਦੀ ਨੂੰ ਸਮਰਪਿਤ ਪੈਦਲ ਮਾਰਚ ਕੱਢਿਆ ਗਿਆ। ਇਸ ਦੌਰਾਨ ਸਵੇਰ ਸਮੇਂ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਜਪੁਜੀ ਸਾਹਿਬ ਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ ਜਿਸ 'ਚ ਉਕਤ ਵਿੱਦਿਅਕ ਸੰਸਥਾਵਾਂ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਹਾਜਰੀਆਂ ਭਰੀਆਂ। ਇਸ ਮੌਕੇ ਸ਼੍ਰੋਮਣੀ ਮੇਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਯੋਧਿਆਂ ਨੇ ਕਾਬਰ ਦਾ ਮੁਕਾਬਲਾ ਕਰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ ਹਨ ਇਸ ਲਈ ਉਨ੍ਹਾਂ ਦੇ ਪਾਏ ਪੁਰਨਿਆਂ 'ਤੇ ਚੱਲਣਾ ਚਾਹੀਦਾ ਹੈ। ਇਸ ਦੌਰਾਨ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਸ਼ਹਾਦਤ ਨੂੰ ਸਤਿਕਾਰ ਭੇਟ ਕਰਨ ਲਈ ਪ੍ਰੇਰਿਆ ਅਤੇ ਪੈਦਲ ਮਾਰਚ ਵਿਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਈ ਅਮਰਜੀਤ ਸਿੰਘ ਚਾਵਲਾ ਦੀ ਅਗਵਾਈ ਅਧੀਨ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਪੈਦਲ ਮਾਰਚ ਦਾ ਪ੍ਰਾਰੰਭ ਕੀਤਾ ਗਿਆ ਜੋ ਕਿ ਪੰਜ ਪਿਆਰਾ ਬਾਗ, ਗੁ. ਸ਼ਹੀਦੀ ਬਾਗ, ਭਗਤ ਰਵਿਦਾਸ ਚੌਕ, ਮੁੱਖ ਬਜਾਰ ਅਤੇ ਗੁ. ਸੀਸ ਗੰਜ ਸਾਹਿਬ ਤੋਂ ਹੁੰਦਾ ਹੋਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਪੁੱਜਿਆ ਜਿੱਥੇ ਮੁੱਖ ਗੁੰਬੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਗਿਆਨੀ ਜੋਗਿੰਦਰ ਸਿੰਘ ਵੱਲੋਂ ਪੈਦਲ ਮਾਰਚ ਦਾ ਸਵਾਗਤ ਕਰਦਿਆਂ ਅਰਦਾਸ ਕੀਤੀ ਗਈ। ਇਹ ਪੈਦਲ ਮਾਰਚ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਭਰਪੂਰ ਸੀ ਜਿਸ 'ਚ ਕਾਲਜ ਅਤੇ ਸਕੂਲ ਦੇ ਵਿਦਿਆਰਥੀਆਂ ਨੇ ਕੇਸਰੀ ਨਿਸ਼ਾਨ ਅਤੇ ਝੰਡੇ ਫੜੇ ਹੋਏ ਸਨ ਅਤੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੁਆਰਾ ਜੋਸ਼ਮਈ ਤੇ ਵੈਰਾਗਮਈ ਤਰੀਕੇ ਨਾਲ ਸਬਦ ਵੀ ਪੜ੍ਹੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਸਤਨਾਮ ਸਿੰਘ, ਡਾ. ਮਲਕੀਤ ਸਿੰਘ, ਡਾ. ਪਰਮਜੀਤ ਕੌਰ, ਡਾ. ਮਨਜੀਤ ਸਿੰਘ, ਪ੍ਰੋ. ਹਰਜਿੰਦਰ ਸਿੰਘ ਬਲਿੰਗ, ਡਾ. ਰਵਿੰਦਰ ਸਿੰਘ ਰੋਬੀ, ਪ੍ਰੋ. ਜਗਪਿੰਦਰਪਾਲ ਸਿੰਘ, ਪ੍ਰੋ. ਦਿਲਸ਼ੇਰਬੀਰ ਸਿੰਘ ਤੋਂ ਇਲਾਵਾ ਕਾਲਜ ਅਤੇ ਸਕੂਲ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਭਰਪੂਰ ਯੋਗਦਾਨ ਪਾਇਆ।